**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਨੇਕ ਸਿੰਘ, (ਮੋਬ: 98725-90758)
ਪੁੱਤਰ ਸ਼੍ਰੀ ਰੱਖਾ ਸਿੰਘ,
ਪਿੰਡ ਤੇ ਡਾਕਖਾਨਾ ਚੱਕਲਾਂ,
ਤਹਿਸਹਲ ਚਮਕੌਰ ਸਾਹਿਬ,
ਜ਼ਿਲ੍ਹਾ ਰੋਪੜ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜਕਾਰੀ ਇੰਜੀਨੀਅਰ ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ),
ਫੇਸ-1, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਿਗਰਾਨ ਇੰਜੀਨੀਅਰ ਉਸਾਰੀ ਮੰਡਲ,
ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:956/2019**

**ਹਾਜ਼ਰ:-**

1) ਸ਼੍ਰੀ ਹਰਨੇਕ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਦੀਪ ਸਿੰਘ, ਸਪਰਡੰਟ (97799-02197)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-12-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜਕਾਰੀ ਇੰਜੀਨੀਅਰ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ), ਫੇਸ-1, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੋਕ ਨਿਰਮਾਣ ਵਿਭਾਗ ਵੱਲੋਂ ਖਸਰਾ ਨੰ:49 ਰਸਤੇ ਨੂੰ ਪੱਕਾ ਕਰਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਦੀਪ ਸਿੰਘ, ਸਪਰਡੰਟ ਨੇ ਪੱਤਰ ਨੰ:1434. ਮਿਤੀ 14-03-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਤਿੰਨ ਵਾਰ ਅਪੀਲਕਰਤਾ ਨੂੰ ਰਜਿਸਟਰਡ ਡਾਕ ਦੁਆਰਾ ਸੂਚਨਾ ਭੇਜੀ ਗਈ ਸੀ ਪਰੰਤੂ ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰਨ ਤੋਂ ਇੰਨਕਾਰ ਕੀਤਾ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੇ ਸੂਚਨਾ ਲੈਣ ਤੋਂ ਇੰਨਕਾਰ ਨਹੀਂ ਕੀਤਾ ਅਤੇ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਬੰਦ ਲਿਫਾਫੇ ਵਿੱਚੋਂ ਸੂਚਨਾ ਕੱਢ ਕੇ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 13 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਜੀਤ ਸਿੰਘ,
ਪੁੱਤਰ ਸ਼੍ਰੀ ਹਕਮ ਸਿੰਘ,
ਮਕਾਨ ਨੰ:459-ਏ, ਸੈਕਟਰ-61,
ਚੰਡੀਗੜ੍ਹ।                                                    -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ,ਤਕਨੀਕੀ ਸਿੱਖਿਆ ਤੇ
ਉਦਯੋਗਿਕ ਸਿਖਲਾਈ (ਆਈ.ਟੀ. ਵਿੰਗ),
ਪੰਜਾਬ, ਚੰਡੀਗੜ੍ਹ।                                                    ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:240/2019**

**ਹਾਜ਼ਰ:-**
1) ਸ਼੍ਰੀ ਜਗਜੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭਜਨ ਸਿੰਘ ਸੈਣੀ, ਸਹਾਇਕ ਲੋਕ ਸੂਚਨਾ ਅਧਿਕਾਰੀ (94642-70498) ਅਤੇ ਸ਼੍ਰੀ ਰਸ਼ਪਾਲ ਸਿੰਘ, ਸੀਨੀਅਰ ਸਹਾਇਕ (78883-37162)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 01-02-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ (ਆਈ.ਟੀ. ਵਿੰਗ), ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਡਾਇਰੈਕਟੋਰੇਟ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਪੰਜਾਬ ਦੀ ਅੰਬੈਸਡਰ ਕਾਰ ਨੰ:ਸੀ.ਐਚ.01-ਡਬਲਿਯੂ-5676 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 07-03-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਭਜਨ ਸਿੰਘ ਸੈਣੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਆਈ.ਟੀ./ਰਾ.ਟੂ ਇੰਨ.ਐਕਟ/2005/16/ਜਗਜੀਤ ਸਿੰਘ/865, ਮਿਤੀ 13-05-2019 ਜਿਸ ਦੀ ਕਾਪੀ ਸ਼ਿਕਾਇਤਕਰਤਾ ਨੂੰ ਪਿੱਠ ਅੰਕਿਤ ਕੀਤੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਆਪਣੇ ਵਿਭਾਗ ਦੀ ਲੇਖਾ ਸ਼ਾਖਾ ਤੋਂ ਮੰਗੀ ਗਈ ਸੀ। ਪਰੰਤੂ ਲੇਖਾ ਸ਼ਾਖਾ ਵੱਲੋਂ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਨੂੰ ਰਿਕਾਰਡ ਦੇਣ ਸਬੰਧੀ ਮਿਸਲ ਉੱਚ ਅਧਿਕਾਰੀਆਂ ਦੇ ਵਿਚਾਰ-ਅਧੀਨ ਹੈ ਅਤੇ ਮਿਸਲ ਪ੍ਰਾਪਤ ਹੋਣ ਤੇ ਲੋੜੀਂਦੀ ਕਾਰਵਾਈ ਕਰਦੇ ਹੋਏ ਸੂਚਿਤ ਕਰ ਦਿੱਤਾ ਜਾਵੇਗਾ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਲਈ ਸਮੇਂ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਲੇਖਾ ਸ਼ਾਖਾ ਨਾਲ ਨਿੱਜੀ ਪੱਧਰ ਤੇ ਸੰਪਰਕ ਕਰਕੇ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 13 ਮਈ, 2019.**                                    **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਜੀਤ ਸਿੰਘ,
ਪੁੱਤਰ ਸ਼੍ਰੀ ਹਕਮ ਸਿੰਘ,
ਮਕਾਨ ਨੰ:459-ਏ, ਸੈਕਟਰ-61,
ਚੰਡੀਗੜ੍ਹ।                                                                    -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ,ਤਕਨੀਕੀ ਸਿੱਖਿਆ ਤੇ
ਉਦਯੋਗਿਕ ਸਿਖਲਾਈ (ਆਈ.ਟੀ. ਵਿੰਗ),
ਪੰਜਾਬ, ਚੰਡੀਗੜ੍ਹ।                                                                    ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:241/2019**

**ਹਾਜ਼ਰ:-** 1) ਸ਼੍ਰੀ ਜਗਜੀਤ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭਜਨ ਸਿੰਘ ਸੈਣੀ, ਸਹਾਇਕ ਲੋਕ ਸੂਚਨਾ ਅਧਿਕਾਰੀ (94642-70498) ਅਤੇ ਸ਼੍ਰੀ ਰਸ਼ਪਾਲ ਸਿੰਘ, ਸੀਨੀਅਰ ਸਹਾਇਕ (78883-37162)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 01-02-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ (ਆਈ.ਟੀ. ਵਿੰਗ), ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-03-2005 ਤੋ 31-03-2018 ਤੱਕ ਸਾਰੀਆਂ ਸ਼੍ਰੇਣੀਆਂ ਲਈ ਕੀਤੀ ਗਈ ਭਰਤੀ ਦੇ ਉਮੀਦਵਾਰਾਂ ਦੇ ਸਰਟੀਫਿਕੇਟਾਂ/ ਟੈਸਟੀਮੋਨੀਅਲ ਅਤੇ ਦਸਤਾਵੇਜ਼ਾਂ ਦੀ ਸਕਰੂਟਨੀ/ਚੈਕਿੰਗ/ਵੈਰੀਫਿਕੇਸ਼ਨ ਲਈ ਗਠਿਤ ਕੀਤੀਆਂ ਗਈਆਂ ਕਮੇਟੀਆਂ ਅਤੇ ਹੋਰ ਸਬੰਧਤ ਮਾਮਲੇ, ਮੈਰਿਟ ਲਿਸਟਾਂ ਆਦਿ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 07-03-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਭਜਨ ਸਿੰਘ ਸੈਣੀ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਆਈ.ਟੀ./ਰਾ.ਟੂ ਇੰਨ.ਐਕਟ/2005/16/ਜਗਜੀਤ ਸਿੰਘ/863, ਮਿਤੀ 13-05-2019 ਜਿਸ ਦੀ ਕਾਪੀ ਅਪੀਲਕਰਤਾ ਨੂੰ ਪਿੱਠ ਅੰਕਿਤ ਕੀਤੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਆਪਣੇ ਵਿਭਾਗ ਦੀ ਭਰਤੀ ਅਤੇ ਪ੍ਰਸ਼ਾਸਨ ਸ਼ਾਖਾ ਅਤੇ ਹੋਰ ਸਬੰਧਤ ਸ਼ਾਖਾਵਾਂ ਤੋਂ ਮੰਗੀ ਗਈ ਸੀ। ਪਰੰਤੂ ਸਬੰਧਤ ਸ਼ਾਖਾਵਾਂ ਵੱਲੋ ਅਜੇ ਤੱਕ ਆਰ.ਟੀ.ਆਈ. ਸ਼ਾਖਾ ਨੂੰ ਸੂਚਨਾ ਨਹੀਂ ਭੇਜੀ ਗਈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਲਈ ਸਮੇਂ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਬੰਧਤ ਸ਼ਾਖਾਵਾ ਨਾਲ ਨਿੱਜੀ ਪੱਧਰ ਤੇ ਸੰਪਰਕ ਕਰਕੇ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 13 ਮਈ, 2019.**                                        **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਪ੍ਰੀਤ ਸਿੰਘ, (ਮੋਬ 9501970091)
ਪੁੱਤਰ ਸ਼੍ਰੀ ਭੁਪਿੰਦਰ ਸਿੰਘ,
ਪਿੰਡ ਤੇ ਡਾਕਖਾਨਾ ਜੌੜਾ,
ਜ਼ਿਲ੍ਹਾ ਹੁਸ਼ਿਆਰਪੁਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਗੁਰਦਾਸਪੁਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:242/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਜਗਮੋਹਣ ਸਿੰਘ (81467-87418)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਸਟੈਨੋ (98727-82302)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 21-08-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਗੁਰਦਾਸਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪਠਾਨਕੋਟ ਬੱਸ ਸਟੈਂਡ ਤੋ ਧਾਰ, ਥੀਨ ਡੈਮ ਅਤੇ ਜੁਗਿਆਨਾ ਰੂਟਾਂ ਤੇ ਮਿੰਨੀ ਬੱਸਾਂ ਲਈ ਜਾਰੀ ਕੀਤੇ ਗਏ ਪਰਮਿਟਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 08-03-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਗਮੋਹਣ ਸਿੰਘ ਨੇ ਕਿਹਾ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਰਪ੍ਰੀਤ ਸਿੰਘ, ਸਟੈਨੋ ਨੇ ਪੱਤਰ ਨੰ:949, ਮਿਤੀ 10-05-2019 ਜਿਸ ਦੀ ਕਾਪੀ ਸ਼ਿਕਾਇਤਕਰਤਾ ਨੂੰ ਵੀ ਪਿੱਠ ਅੰਕਿਤ ਕੀਤੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਆਪਣੇ ਪੱਤਰ ਨੰ:8518, ਮਿਤੀ 11-09-2018 ਰਾਹੀਂ ਜਵਾਬ ਭੇਜਿਆ ਜਾ ਚੁੱਕਾ ਹੈ। ਇਸ ਪੱਤਰ ਰਾਹੀਂ ਸ਼ਿਕਾਇਤਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਕੇਸ ਲੰਬਿਤ ਹੋਣ ਕਾਰਨ (ਮਿੰਨੀ ਬੱਸ ਪਰਮਿਟਾਂ ਦੇ ਸਾਰੇ ਦਫ਼ਤਰੀ ਕੰਮ ਤੇ ਰੋਕ ਲੱਗੀ ਹੋਈ ਹੈ) ਜਿਸ ਕਰਕੇ ਸ਼ਿਕਾਇਤਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਸਮੇਂ ਸਿਰ ਉੱਤਰ ਭੇਜਿਆ ਹੋਇਆ ਹੈ ਜਿਸ ਕਰ ਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ।ਪਰੰਤੂ ਸ਼ਿਕਾਇਤਕਰਤਾ ਨੂੰ ਭੇਜਿਆ ਹੋਇਆ ਉੱਤਰ ਸਹੀ ਨਹੀਂ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 13 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਪ੍ਰੀਤ ਸਿੰਘ, (ਮੋਬ 9501970091)
ਪੁੱਤਰ ਸ਼੍ਰੀ ਭੁਪਿੰਦਰ ਸਿੰਘ,
ਪਿੰਡ ਤੇ ਡਾਕਖਾਨਾ ਜੌੜਾ,
ਜ਼ਿਲ੍ਹਾ ਹੁਸ਼ਿਆਰਪੁਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਗੁਰਦਾਸਪੁਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:243/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਜਗਮੋਹਣ ਸਿੰਘ (81467-87418)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਸਟੈਨੋ (98727-82302)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 29-10-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਗੁਰਦਾਸਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪਠਾਨਕੋਟ ਤੋ ਅਟੱਲ ਸੈਤੂ ਪੁਲ ਵਾਇਆ ਜੁਗਿਆਲ ਧਾਰ ਰੂਟ ਤੇ ਕਿਸੇ ਮਿੰਨੀ ਬੱਸ ਜਾਂ ਵੱਡੀ ਬੱਸ ਲਈ ਜਾਰੀ ਕੀਤੇ ਗਏ ਪਰਮਿਟ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 08-03-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਰਪ੍ਰੀਤ ਸਿੰਘ, ਸਟੈਨੋ ਨੇ ਪੱਤਰ ਨੰ:951, ਮਿਤੀ 10-05-2019 ਜਿਸ ਦੀ ਕਾਪੀ ਸ਼ਿਕਾਇਤਕਰਤਾ ਨੂੰ ਵੀ ਪਿੱਠ ਅੰਕਿਤ ਕੀਤੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਆਪਣੇ ਪੱਤਰ ਨੰ:9141, ਮਿਤੀ 02-11-2018 ਰਾਹੀਂ ਸ਼ਿਕਾਇਤਕਰਤਾ ਨੂੰ ਨੁਕਤਾਵਾਰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਗਮੋਹਣ ਸਿੰਘ ਨੇ ਕਿਹਾ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਦੇ ਨੁਮਾਇੰਦੇ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ, ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸਮੇਂ ਸਿਰ ਸੂਚਨਾ ਭੇਜੀ ਹੋਈ ਹੈ ਜਿਸ ਕਰ ਕੇ ਇਹ ਸ਼ਿਕਾਇਤ ਕੇਸ ਵੀ ਨਹੀਂ ਬਣਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 13 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਦੀਸ਼ ਸਿੰਘ, (ਮੋਬ:98552-77151)
ਮਕਾਨ ਨੰ:368, ਗੁਰੂ ਤੇਗ ਬਹਾਦਰ ਨਗਰ,
ਜਲੰਧਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:),
ਨਵਾਂ ਸ਼ਹਿਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:177/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭੁਪਿੰਦਰ ਸਿੰਘ, ਕਲਰਕ (95920-65019)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਨਵਾਂ ਸ਼ਹਿਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਰਜਵੰਤ ਕੌਰ ਜੋ ਕਿ ਬਤੌਰ ਟੀਚਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਿਆਲਾ ਤੋਂ ਰਿਟਾਇਰ ਹੋਈ, ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਭੁਪਿੰਦਰ ਸਿੰਘ, ਕਲਰਕ ਨੇ ਪੱਤਰ ਨੰ:ਆਰ.ਟੀ.ਆਈ./2019/ਸੀ.ਸੀ.177/2019, ਮਿਤੀ 08-05-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਵੱਲੋਂ ਪੱਤਰ ਨੰ:ਆਰ.ਟੀ.ਆਈ./2019/ਸੀ.ਸੀ.177, ਮਿਤੀ 13-05-2019 ਵੀ ਪੇਸ਼ ਕੀਤਾ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਪਿਛਲੀ ਪੇਸ਼ੀ, ਮਿਤੀ 16-04-2019 ਤੇ ਹਾਜ਼ਰ ਨਾ ਹੋਣ ਬਾਰੇ ਵਿਸਥਾਰ-ਪੂਰਵਕ ਸਪੱਸ਼ਟੀਕਰਣ ਵੀ ਭੇਜਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਅਤੇ ਸਪੱਸ਼ਟੀਕਰਣ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ,** 13 **ਮਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਦੀਸ਼ ਸਿੰਘ, (ਮੋਬ:98552-77151)
ਮਕਾਨ ਨੰ:368, ਗੁਰੂ ਤੇਗ ਬਹਾਦਰ ਨਗਰ,
ਜਲੰਧਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:),
ਨਵਾਂ ਸ਼ਹਿਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:178/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭੂਪਿੰਦਰ ਸਿੰਘ, ਕਲਰਕ (95920-65019)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਨਵਾਂ ਸ਼ਹਿਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਮੋਹਣ ਸਿੰਘ ਜੋ ਕਿ ਬਤੌਰ ਮਾਸਟਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰਾਹੋਂ ਤੋਂ ਰਿਟਾਇਰ ਹੋਏ, ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਭੂਪਿੰਦਰ ਸਿੰਘ, ਕਲਰਕ ਨੇ ਪੱਤਰ ਨੰ:ਆਰ.ਟੀ.ਆਈ./2019/ਸੀ.ਸੀ.178/2019, ਮਿਤੀ 08-05-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਵੱਲੋਂ ਪੱਤਰ ਨੰ:ਆਰ.ਟੀ.ਆਈ./2019/ਸੀ.ਸੀ.178/2019, ਮਿਤੀ 13-05-2019 ਵੀ ਪੇਸ਼ ਕੀਤਾ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਪਿਛਲੀ ਪੇਸ਼ੀ, ਮਿਤੀ 16-04-2019 ਤੇ ਹਾਜ਼ਰ ਨਾ ਹੋਣ ਬਾਰੇ ਵਿਸਥਾਰ-ਪੂਰਵਕ ਸਪੱਸ਼ਟੀਕਰਣ ਵੀ ਭੇਜਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਅਤੇ ਸਪੱਸ਼ਟੀਕਰਣ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ, ਚੰਡੀਗੜ੍ਹ, 13 ਮਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬੰਤ ਸਿੰਘ (94653-34445)
ਵਾਸੀ ਪਲਾਟ ਨੰ:8, ਹੀਰਾ ਬਾਗ,
ਰਾਜਪੁਰਾ ਰੋਡ,
ਨੇੜੇ ਡਾਕਟਰ ਉਧਮ ਸਿੰਘ ਰਿਹਾਇਸ਼,
ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਪਟਿਆਲਾ ਰੇਂਜ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ 827/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-08-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਕਰਮਜੀਤ ਕੌਰ ਵਾਸੀ ਅਹਿਮਦਗੜ੍ਹ, ਸੰਗਰੂਰ ਵੱਲੋਂ ਸ਼੍ਰੀ ਬੂਟਾ ਸਿੰਘ ਵਾਸੀ ਹੀਰਾ ਬਾਗ, ਰਾਜਪੁਰਾ ਰੋਡ, ਪਟਿਆਲਾ ਵਿਰੁੱਧ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-04-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:25/ਆਰ.ਟੀ.ਆਈ., ਮਿਤੀ 13-04-2019 ਪੇਸ਼ ਕਰਦੇ ਹੋਏ ਕਿਹਾ ਸੀ ਅਪੀਲਕਰਤਾ ਵੱਲੋਂ ਪਹਿਲਾਂ ਆਪਣੀ ਆਰ.ਟੀ.ਆਈ. ਵਿੱਚ ਮੰਗੀ ਗਈ ਸੂਚਨਾ ਨਾਲ ਸਬੰਧਤ ਦਰਖਾਸਤ ਦੇ ਨੰਬਰ ਅਤੇ ਮਿਤੀ ਬਾਰੇ ਜ਼ਿਕਰ ਨਹੀਂ ਕੀਤਾ ਗਿਆ ਸੀ ਜਿਸ ਕਰਕੇ ਉਨ੍ਹਾ ਵੱਲੋਂ ਪੱਤਰ ਨੰ:1691/ਆਰ.ਟੀ.ਆਈ., ਮਿਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ 827/2019**

25-08-2018 ਰਾਹੀਂ ਅਪੀਲਕਰਤਾ ਕੋਲੋਂ ਸਪੱਸ਼ਟੀਕਰਣ ਮੰਗਿਆ ਸੀ। ਉਸ ਉਪਰੰਤ ਅਪੀਲਕਰਤਾ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਕਰਨ ਤੋਂ ਬਾਅਦ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਫੋਨ ਤੇ ਸੰਪਰਕ ਕਰਕੇ ਦਰਖਾਸਤ ਬਾਰੇ ਪਤਾ ਕਰਕੇ ਥਾਣਾ ਸਿਟੀ ਅਹਿਮਦਗੜ੍ਹ ਪਾਸੋਂ ਦਸਤੀ ਦਰਖਾਸਤ ਬਾਰੇ ਰਿਕਾਰਡ ਹਾਸਲ ਕਰਕੇ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਨਕਲਾਂ ਭੇਜ ਦਿੱਤੀਆਂ ਗਈਆਂ ਸਨ ਅਤੇ ਉਹ ਸੂਚਨਾ ਨਾਲ ਵੀ ਲੈ ਕੇ ਆਇਆ ਸੀ।ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਐਚ.ਐਸ. ਟਿਵਾਣਾ, ਐਡਵੋਕੇਟ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਅਜੇ ਤੱਕ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਜ਼ੋ ਸੂਚਨਾ ਪੇਸ਼ ਕੀਤੀ ਜਾ ਰਹੀ ਸੀ ਉਹ ਸ਼੍ਰੀਮਤੀ ਕਰਮਜੀਤ ਕੌਰ ਦੀ ਸ਼ਿਕਾਇਤ ਬਾਰੇ ਨਹੀਂ ਸੀ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਸੀ ਕਿ ਉਨ੍ਹਾਂ ਕੋਲ ਸ਼੍ਰੀਮਤੀ ਕਰਮਜੀਤ ਕੌਰ ਦੀ ਸ਼ਿਕਾਇਤ ਬਾਰੇ ਕੋਈ ਦਰਖਾਸਤ ਨਹੀਂ ਹੈ ਅਤੇ ਅਪੀਲਕਰਤਾ, ਸ਼੍ਰੀ ਬੰਤ ਸਿੰਘ ਦੀ ਸ਼ਿਕਾਇਤ ਬਾਰੇ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਦੁਬਾਰਾ ਵਿਸਥਾਰ-ਪੂਰਵਕ ਰਿਪੋਰਟ 15 ਦਿਨਾਂ ਦੇ ਅੰਦਰ-ਅੰਦਰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:25-ਅਪੀਲ/ਆਰ.ਟੀ.ਆਈ., ਮਿਤੀ 13-05-2019 ਰਾਹੀਂ ਵਿਸਥਾਰ-ਪੂਰਵਕ ਸੂਚਨਾ ਪੇਸ਼ ਕੀਤੀ ਗਈ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ,** 13 **ਮਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਚਸ਼ਮਿੰਦਰ ਕੌਰ, (ਮੋਬ: 96466-00131)
ਪੁੱਤਰੀ ਸ਼੍ਰੀ ਗੁਰਵਿੰਦਰ ਸਿੰਘ,
ਮਕਾਨ ਨੰ:825 ਆਨੰਦ ਨਗਰ-ਏ,
ਪਟਿਆਲਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:211/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-01-2018, ਲੋਕ ਸੂਚਨਾ ਅਧਿਕਾਰੀ ਦਫਤਰ ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪ੍ਰੀਖਿਆ ਕੇਂਦਰ 705 ਦਸੰਬਰ/2017 ਅਤੇ ਮਈ/2018 ਆਦਿ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਕੇ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 24-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 13 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜ਼ਸਬੀਰ ਸਿੰਘ, (ਮੋਬ: 98882-96107)
ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 775/2019**

**ਹਾਜ਼ਰ:-**

1) ਸ਼੍ਰੀ ਜ਼ਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਵੱਲੋਂ ਸ਼੍ਰੀ ਸੁਖਬਹਾਲ ਸਿੰਘ, ਹੈੱਡ ਕੰਸਟੇਬਲ (97791-33600)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੁਲਿਸ ਸਟੇਸ਼ਨ, ਘੱਗਾ, ਜ਼ਿਲਾ ਪਟਿਆਲਾ ਵਿਖੇ ਦਰਜ ਐਫ.ਆਈ.ਆਰ. ਨੰ:0132, ਮਿਤੀ 13-10-2018 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੁਖਬਹਾਲ ਸਿੰਘ, ਹੈੱਡ ਕੰਸਟੇਬਲ ਨੇ ਪੱਤਰ ਨੰ:775 ਆਫ਼ 2019/33/ਏ.ਸੀ./859, ਮਿਤੀ 11-05-2019 ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਪਿੱਠ ਅੰਕਿਤ ਕੀਤੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਵਿਸਥਾਰ-ਪੂਰਵਕ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ, ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 13 ਮਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਪ੍ਰੀਤ ਸਿੰਘ, (ਮੋਬ:79734-84526)
ਪੁੱਤਰ ਸ਼੍ਰੀ ਪਰਮਿੰਦਰ ਸਿੰਘ,
ਮਕਾਨ ਨੰ:9-ਏ/4 ਆਨੰਦ ਨਗਰ-ਬੀ,
ਤਹਿਸੀਲ ਤੇ ਜ਼ਿਲ੍ਹਾ ਪਟਿਆਲਾ।                                  ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਅਧੀਨ ਸੇਵਾਵਾਂ ਚੋਣ ਬੋਰਡ,
ਵਣ ਕੰਪਲੈਕਸ,
ਸੈਕਟਰ-68, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ,
ਵਣ ਕੰਪਲੈਕਸ, ਸੈਕਟਰ-68,
ਮੁਹਾਲੀ।                                  ------ਉੱਤਰਦਾਤਾ

**ਅਪੀਲ ਕੇਸ ਨੰ:1433/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਪਰਵਿੰਦਰ ਸਿੰਘ (98140-37222)।
2) ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਵੱਲੋਂ ਸ਼੍ਰੀ ਮੋਹਿਤ, ਸੀਨੀਅਰ ਸਹਾਇਕ (95019-44223)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-02-2019, ਲੋਕ ਸੂਚਨਾ ਅਧਿਕਾਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਨਯੋਗ ਹਾਈਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰ:13619 ਵਿੱਚ ਮਿਤੀ 28-08-2017 ਨੂੰ ਪਾਸ ਕੀਤੇ ਗਏ ਹੁਕਮ ਦੇ ਅਧਾਰ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਪਰਵਿੰਦਰ ਸਿੰਘ ਨੇ ਕਿਹਾ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਮੋਹਿਤ, ਸੀਨੀਅਰ ਸਹਾਇਕ ਨੇ ਪੱਤਰ ਨੰ:1/66/2013-ਅ6(ਅਸਚਬ)/974, ਮਿਤੀ 13-05-2019

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1433/2019

ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਇਸ਼ਤਿਹਾਰ ਨੰ:2/2013 ਰਾਹੀਂ ਪ੍ਰਕਾਸ਼ਿਤ ਕੀਤੀਆਂ ਗਈਆਂ 1192 ਕਲਰਕਾਂ ਦੀਆਂ ਆਸਾਮੀਆਂ ਸਬੰਧੀ ਮਾਮਲਾ ਸਿਵਲ ਰਿੱਟ ਪਟੀਸ਼ਨ ਨੰ:13619 ਆਫ਼ 2015-ਬਲਜਿੰਦਰ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਹੋਰ- ਮਾਨਯੋਗ ਹਾਈ ਕੋਰਟ ਵਿਖੇ ਲੰਬਿਤ ਹੈ ਅਤੇ ਇਸ ਕੇਸ ਦੀ **ਸੁਣਵਾਈ ਮਿਤੀ 14-05-2019 ਲਈ ਨਿਸਚਿਤ** ਹੈ। ਇਸ ਤੋਂ ਇਲਾਵਾ ਇਹ ਵੀ ਦੱਸਿਆ ਗਿਆ ਹੈ ਕਿ ਇਸ ਮਾਮਲੇ ਸਬੰਧੀ ਕੰਟੈਪਟ ਨੰ:3185 ਆਫ 2017-ਸਤਨਾਮ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ ਵੀ ਮਾਨਯੋਗ ਹਾਈ ਕੋਰਟ ਵਿਖੇ ਲੰਬਿਤ ਹੈ ਜਿਸ ਦੀ **ਸੁਣਵਾਈ ਦੀ ਮਿਤੀ 05-07-2019 ਲਈ ਨਿਸਚਿਤ** ਹੈ। ਇਸ ਕਰਕੇ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਦਿੱਤਾ ਗਿਆ ਜਵਾਬ ਸਹੀ ਨਹੀਂ ਹੈ। ਇਸ ਲਈ ਉਸ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਗਹੁ ਨਾਲ ਘੋਖਿਆ ਗਿਆ ਅਤੇ ਪਾਇਆ ਗਿਆ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ **ਮਾਮਲਾ ਸਬ-ਜ਼ੁਡਿਸ** ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਮੁਹੱਈਆਂ ਨਹੀਂ ਕਰਵਾਈ ਜਾ ਸਕਦੀ। ਇਸ ਕਰਕੇ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ, ਚੰਡੀਗੜ੍ਹ, 13 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**